ਸੇਵਾ ਵਿਖੇ

ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ,
ਜਥੇਦਾਰ, ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

**ਵਿਸ਼ਾ: ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਇਲਾਹੀ ਗੁਰਬਾਣੀ ਕੀਰਤਨ ਦੇ ਸਿੱਧੇ ਪ੍ਰਸਾਰਨ ਦੀ ਖੁੱਲ੍ਹ ਦੇਣ ਸਬੰਧੀ।**

ਸਿੰਘ ਸਾਹਿਬ ਜੀਓ,

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਅਸੀਂ ਬਹੁਤ ਹੀ ਅਦਬ ਤੇ ਸਤਿਕਾਰ ਨਾਲ ਆਪ ਜੀ ਦੇ ਧਿਆਨ ਵਿਚ ਇੱਕ ਬਹੁਤ ਹੀ ਅਹਿਮ ਅਤੇ ਦੁਨੀਆਂ ਭਰ ਵਿਚ ਵਸਦੀ ਸਿੱਖ ਸੰਗਤ ਵਲੋਂ ਲੰਬੇ ਸਮੇਂ ਤੋਂ ਬੜੀ ਹੀ ਸ਼ਿੱਦਤ ਨਾਲ ਮਹਿਸੂਸ ਕੀਤਾ ਜਾ ਰਿਹਾ ਇੱਕ ਅਤਿ ਮਹੱਤਵਪੂਰਨ ਮਾਮਲਾ ਲਿਆਉਣਾ ਚਾਹੁੰਦੇ ਹਾਂ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੰਦਰ ਸਾਹਿਬ ਸ੍ਰੀ ਗੁਰੂ ਅਮਰ ਦਾਸ ਜੀ ਦਾ ਪਾਵਨ ਫ਼ੁਰਮਾਨ ਹੈ, **"ਗੁਰਬਾਣੀ ਇਸੁ ਜਗ ਮਹਿ ਚਾਨਣੁ ਕਰਮਿ ਵਸੈ ਮਨਿ ਆਇ॥"** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇਹ ਮੁੱਢਲਾ ਕਰਤੱਵ ਤੇ ਫ਼ਰਜ਼ ਹੈ ਕਿ ਉਹ ਗੁਰਬਾਣੀ ਦੇ ਇਸ ਚਾਨਣ ਨੂੰ ਦੁਨੀਆਂ ਦੇ ਕੋਨੇ-ਕੋਨੇ ਅਤੇ ਹਰ ਗੁਰੂ ਨਾਨਕ ਨਾਮ ਲੇਵਾ ਦੇ ਘਰ-ਘਰ ਤੱਕ ਪਹੁੰਚਾਵੇ ਤਾਂ ਕਿ ਵੱਧ ਤੋਂ ਵੱਧ ਪ੍ਰਾਣੀ ਆਪਣਾ ਜੀਵਨ ਗੁਰਬਾਣੀ ਸਿਧਾਂਤ ਅਨੁਸਾਰ ਢਾਲ ਕੇ ਆਪਣਾ ਜਨਮ ਸਫ਼ਲਾ ਕਰ ਸਕਣ।

ਸਿੰਘ ਸਾਹਿਬ ਜੀਓ, ਇਸ ਦਾ ਇੱਕ ਬਹੁਤ ਹੀ ਪ੍ਰਭਾਵਸ਼ਾਲੀ ਅਤੇ ਸੁਖੈਨ ਢੰਗ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਵਿਚ ਹੁੰਦੇ ਗੁਰਬਾਣੀ ਦੇ ਇਲਾਹੀ ਕੀਰਤਨ ਨੂੰ ਦੁਨੀਆਂ ਦੇ ਹਰ ਕੋਨੇ ਵਿਚ ਵਸਦੇ ਹਰ ਗੁਰੂ ਨਾਨਕ ਨਾਮ ਲੇਵਾ ਦੇ ਘਰ ਤੱਕ ਪਹੁੰਚਾਉਣ ਦਾ ਹੈ।ਗੁਰਬਾਣੀ ਕੀਰਤਨ ਨੂੰ ਟੀ.ਵੀ. ਚੈਨਲਾਂ ਰਾਹੀਂ ਘਰ-ਘਰ ਪਹੁੰਚਦਾ ਕਰਨ ਨਾਲ ਹਰ ਗੁਰੂ ਨਾਨਕ ਨਾਮ ਲੇਵਾ ਪ੍ਰਾਣੀ ਸਿੱਖੀ ਅਤੇ ਮਾਨਵਤਾ ਦੇ ਸਭ ਤੋਂ ਵੱਡੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਨਾਲ ਵੀ ਜੁੜ ਸਕੇਗਾ, ਜਿਸ ਦੇ ਦਰਸ਼ਨਾਂ ਦੀ ਹਰ ਗੁਰਸਿੱਖ ਅਤੇ ਗੁਰੂ ਨਾਨਕ ਨਾਮ ਲੇਵਾ ਪ੍ਰਾਣੀ ਦੇ ਮਨ ਵਿਚ ਸਦਾ ਹੀ ਤੀਬਰ ਤਾਂਘ ਬਣੀ ਰਹਿੰਦੀ ਹੈ।

ਸਾਡੀ ਜਾਣਕਾਰੀ ਅਨੁਸਾਰ ਇਸ ਵੇਲੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਸਿਰਫ਼ ਇਕ ਸੀਮਤ ਪ੍ਰਸਾਰਨ ਘੇਰੇ ਵਾਲੇ ਅਤੇ ਬਾਦਲ ਪਰਿਵਾਰ ਦੀ ਮਾਲਕੀ ਵਾਲੇ ਪੰਜਾਬੀ ਚੈਨਲ ਪੀਟੀਸੀ ਨੂੰ ਕੁਝ ਕੁ ਰਕਮ ਬਦਲੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਹੁੰਦੇ ਇਲਾਹੀ ਕੀਰਤਨ ਦੇ ਸਿੱਧੇ ਪ੍ਰਸਾਰਣ ਦੇ ਹੱਕ ਦਿੱਤੇ ਹੋਏ ਹਨ।ਸ਼੍ਰੋਮਣੀ ਕਮੇਟੀ ਦਾ ਇਹ ਫੈਸਲਾ ਕਿਸੇ ਤਰਾਂ ਵੀ ਦਰੁੱਸਤ ਨਹੀਂ ਮੰਨਿਆ ਜਾ ਸਕਦਾ।ਸ੍ਰੀ ਗੁਰੂ ਗ੍ਰੰਥ

ਸਾਹਿਬ ਜੀ ਦਾ ਹੁਕਮ ਹੈ, **"ਮਾਇਆ ਕਾਰਨ ਬਿਦਿਆ ਬੇਚਹੁ ਜਨਮੁ ਅਬਿਰਥਾ ਜਾਈ॥"** ਜੇ ਗੁਰਬਾਣੀ ਅਨੁਸਾਰ ਪੈਸਾ ਕਮਾਉਣ ਲਈ ਵਿਦਿਆ ਵੇਚਣਾ ਗਲਤ ਕਰਾਰ ਦਿੱਤਾ ਗਿਆ ਹੈ ਤਾਂ ਮਾਇਆ ਲਈ ਗੁਰਬਾਣੀ ਜਾਂ ਗੁਰਬਾਣੀ ਕੀਰਤਨ ਵੇਚਣਾ ਕਿਵੇਂ ਵੀ ਜਾਇਜ਼ ਨਹੀਂ ਹੋ ਸਕਦਾ। ਦੂਜਾ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਕੋਈ ਵਪਾਰਕ ਅਦਾਰਾ ਨਾ ਹੋ ਕੇ ਇੱਕ ਮਿਸ਼ਨਰੀ ਸੰਸਥਾ ਹੈ ਜਿਸ ਦੀ ਸਥਾਪਨਾ ਸਿੱਖ ਧਰਮ ਦਾ ਪ੍ਰਚਾਰ-ਪਸਾਰ ਅਤੇ ਸਿੱਖ ਗੁਰਦੁਆਰਾ ਸਾਹਿਬਾਨ ਦੀ ਸੇਵਾ ਸੰਭਾਲ ਦੇ ਮਕਸਦ ਲਈ ਕੀਤੀ ਗਈ ਹੈ। ਇਸ ਸਮੇਂ ਸਿਰਫ਼ ਇੱਕ ਚੈਨਲ ਨੂੰ ਗੁਰਬਾਣੀ ਕੀਰਤਨ ਦੇ ਸਿੱਧੇ ਪ੍ਰਸਾਰਨ ਦੇ ਹੱਕ ਦੇ ਕੇ ਸ਼੍ਰੋਮਣੀ ਕਮੇਟੀ ਆਪ ਹੀ ਗੁਰਬਾਣੀ ਦੇ ਚਾਨਣ ਨੂੰ ਕੀਰਤਨ ਰਾਹੀਂ ਘਰ ਘਰ ਪਹੁੰਚਣ ਦੇ ਰਾਹ ਵਿਚ ਰੋੜਾ ਬਣ ਰਹੀ ਹੈ। ਸ੍ਰੀ ਗੁਰੂ ਗ੍ਰੰਥ ਸਾਹਿਬ ਵਿਚ ਗੁਰਬਾਣੀ ਕੀਰਤਨ ਨੂੰ **"ਕੀਰਤਨੁ ਨਿਰਮੋਲਕੁ ਹੀਰਾ"** ਅਤੇ **"ਕਲਜੁਗ ਮਹਿ ਕੀਰਤਨੁ ਪਰਧਾਨਾ"** ਕਹਿ ਕੇ ਵਡਿਆਇਆ ਗਿਆ ਹੈ ਜਿਸ ਦੇ ਪ੍ਰਸਾਰਨ ਨੂੰ ਇੱਕ ਚੈਨਲ ਤੱਕ ਮਹਿਦੂਦ ਨਾ ਕਰ ਕੇ ਇਸ ਨੂੰ ਵੱਧ ਤੋਂ ਵੱਧ ਟੀਵੀ ਚੈਨਲਾਂ ਰਾਹੀਂ ਘਰ-ਘਰ ਵਿਚ ਪਹੁੰਚਾਇਆ ਜਾਣਾ ਚਾਹੀਦਾ ਹੈ।

ਸਿੰਘ ਸਾਹਿਬ ਜੀਓ, ਸਮੁੱਚੇ ਸਿੱਖ ਜਗਤ ਦੀ ਇਹ ਚਿਰੋਕਣੀ ਰੀਝ ਤੇ ਤਾਂਘ ਰਹੀ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਤੋਂ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਨ ਹੋਵੇ। 1982 ਵਿਚ ਸ਼ੁਰੂ ਹੋਏ ਧਰਮਯੁੱਧ ਮੋਰਚੇ ਤੱਕ ਸ੍ਰੀ ਅਕਾਲ ਤਖਤ ਸਾਹਿਬ ਤੋਂ ਜਿੰਨੇ ਵੀ ਮੋਰਚੇ ਲੱਗੇ ਹਨ ਸਾਰਿਆਂ ਵਿਚ ਹੀ ਸ੍ਰੀ ਹਰਿਮੰਦਰ ਸਾਹਿਬ ਤੋਂ ਸਿੱਧੇ ਪ੍ਰਸਾਰਨ ਦੀ ਮੰਗ ਪ੍ਰਮੁੱਖ ਰਹੀ ਹੈ। ਇਸ ਲਈ ਹਰਿਮੰਦਰ ਸਾਹਿਬ ਤੋਂ ਕੀਰਤਨ ਪ੍ਰਸਾਰਨ ਦੀ ਇਜ਼ਾਜ਼ਤ ਬੜੇ ਵੱਡੇ ਸੰਘਰਸ਼ਾਂ ਤੋਂ ਬਾਅਦ ਮਿਲੀ ਹੈ ਜਿਸ ਨੂੰ ਇੱਕ ਚੈਨਲ ਤੱਕ ਮਹਿਦੂਦ ਕਰਨਾ ਸਰਾਸਰ ਗਲਤ ਹੈ।

**ਇਸ ਲਈ ਸਾਡੀ ਆਪ ਜੀ ਨੂੰ ਸਤਿਕਾਰ ਸਹਿਤ ਬੇਨਤੀ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਹ ਹਦਾਇਤ ਦਿਓ ਕਿ ਦੁਨੀਆਂ ਦੇ ਹਰ ਉਸ ਟੀ.ਵੀ. ਚੈਨਲ ਅਤੇ ਰੇਡੀਓ ਨੂੰ ਗੁਰਬਾਣੀ ਕੀਰਤਨ ਦੇ ਸਿੱਧੇ ਪ੍ਰਸਾਰਨ ਦੀ ਖੁੱਲ੍ਹ ਦੇਵੇ ਜਿਹੜਾ ਵੀ ਇਸ ਇਲਾਹੀ ਕੀਰਤਨ ਦਾ ਪ੍ਰਸਾਰਨ ਕਰਨਾ ਚਾਹੁੰਦਾ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਨ ਕਰਨ ਦੇ ਚਾਹਵਾਨ ਟੀ.ਵੀ. ਚੈਨਲਾਂ ਅਤੇ ਰੇਡੀਓ ਨੂੰ ਮੁਫ਼ਤ ਸਿਗਨਲ ਮੁਹੱਈਆ ਕਰਾਉਣ ਦਾ ਪ੍ਰਬੰਧ ਕਰਨਾ ਚਾਹੀਦਾ ਹੈ।**

**ਸਿੰਘ ਸਾਹਿਬ ਜੀਓ ਸਾਡੀ ਇਹ ਗੁਜ਼ਾਰਿਸ਼ ਹੈ ਕਿ ਜਿਵੇਂ ਸਿੱਖ ਸੰਗਤ ਪਾਕਿਸਤਾਨ ਵਿਚ ਰਹਿ ਗਏ ਪਾਵਨ ਗੁਰਧਾਮਾਂ ਦੇ "ਖੁੱਲੇ ਦਰਸ਼ਨ ਦੀਦਾਰਾਂ" ਲਈ ਤਾਂਘ ਰਹੀ ਹੈ ਉਸੇ ਤਰਾਂ ਹੀ ਸਿੱਖ ਸੰਗਤ ਦੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਹਰ ਸਮੇਂ "ਖੁੱਲ੍ਹੇ ਪ੍ਰਸਾਰਨ" ਦੀ ਵੀ ਹਮੇਸ਼ਾ ਇੱਛਾ ਰਹੀ ਹੈ।**

ਆਪ ਜੀ ਦੀ ਗਿਆਤ ਲਈ ਇਹ ਵੀ ਦੱਸਣਾ ਜਰੂਰੀ ਸਮਝਦੇ ਹਾਂ ਕਿ **'ਗੁਰਾਂ ਦੇ ਨਾਂ ਉੱਤੇ ਜਿਉਣ ਵਾਲੇ'** ਪੰਜਾਬ ਦੇ ਲੋਕਾਂ ਦੀ ਪ੍ਰਤੀਨਿੱਧਤਾ ਕਰਨ ਵਾਲੀ ਪੰਜਾਬ ਵਿਧਾਨ ਸਭਾ ਨੇ 6 ਨਵੰਬਰ 2019 ਨੂੰ ਬੁਲਾਏ ਗਏ ਗੁਰੂ ਨਾਨਕ ਪਾਤਸ਼ਾਹ ਦੇ 550ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਆਪਣੇ ਵਿਸ਼ੇਸ਼ ਅਜਲਾਸ ਵਿਚ

ਸ਼੍ਰੋਮਣੀ ਅਕਾਲੀ ਦਲ ਦੇ ਨੁਮਾਇੰਦਿਆਂ ਸਮੇਤ ਸਰਬ ਸੰਮਤੀ ਨਾਲ ਮਤਾ ਪਾਸ ਕਰ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਇਸ ਸਬੰਧੀ ਅਪੀਲ ਵੀ ਕੀਤੀ ਹੋਈ ਹੈ। **(ਮਤੇ ਦੀ ਕਾਪੀ ਨਾਲ ਨੱਥੀ ਹੈ)**

ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਸ੍ਰ. ਤ੍ਰਿਪਤ ਰਜਿੰਦਰ ਸਿੰਘ ਬਾਜਵਾ ਵਲੋਂ 18 ਨਵੰਬਰ 2019 ਨੂੰ ਆਪ ਜੀ ਨੂੰ ਲਿਖੇ ਇੱਕ ਪੱਤਰ ਰਾਹੀਂ ਇਹ ਮਾਮਲਾ ਆਪ ਜੀ ਦੇ ਧਿਆਨ ਵਿਚ ਲਿਆਂਦਾ ਜਾ ਚੁੱਕਿਆ ਹੈ।

ਆਪ ਜੀ ਦੀ ਜਾਣਕਾਰੀ ਲਈ ਇਹ ਵੀ ਦਸਿਆ ਜਾਂਦਾ ਹੈ ਕਿ ਅੱਜ ਜਿਸ ਰਾਜਨੀਤਕ ਪਾਰਟੀ ਸ਼੍ਰੋਮਣੀ ਅਕਾਲੀ ਦਲ ਦਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਨਰਲ ਹਾਊਸ ਵਿਚ ਬਹੁਮੱਤ ਹੈ ਉਸ ਨੇ 1996 ਅਤੇ 2004 ਵਿਚ ਹੋਈ ਸ਼੍ਰੋਮਣੀ ਕਮੇਟੀ ਦੀ ਚੋਣ ਲਈ ਜਾਰੀ ਕੀਤੇ ਗਏ ਆਪਣੇ ਚੋਣ ਮੈਨੀਫੈਸਟੋ ਵਿਚ ਸਿੱਖ ਸੰਗਤ ਨਾਲ ਇਹ ਵਾਅਦਾ ਕੀਤਾ ਸੀ ਕਿ ਗੁਰਬਾਣੀ ਕੀਰਤਨ ਦੇ ਸਿੱਧੇ ਪ੍ਰਸਾਰਨ ਲਈ ਸ਼੍ਰੋਮਣੀ ਕਮੇਟੀ ਆਪਣਾ ਟੀ.ਵੀ. ਚੈਨਲ ਸਥਾਪਤ ਕਰੇਗੀ। ਪਰ ਸਿੱਖ ਸੰਗਤ ਨਾਲ ਕੀਤੇ ਵਾਅਦੇ ਨੂੰ ਪੂਰਾ ਕਰਨ ਦੀ ਥਾਂ ਗੁਰਬਾਣੀ ਕੀਰਤਨ ਦੇ ਪ੍ਰਸਾਰਣ ਦੇ ਅਧਿਕਾਰ ਇੱਕ ਨਿੱਜੀ ਟੀਵੀ ਨੂੰ ਦੇ ਕੇ ਸੰਗਤ ਨਾਲ ਵਿਸ਼ਵਾਸ਼ਘਾਤ ਕੀਤਾ ਗਿਆ ਹੈ।

ਸਾਨੂੰ ਪੂਰਨ ਭਰੋਸਾ ਹੈ ਕਿ ਆਪ ਜੀ ਇਸ ਅਤਿ ਗੰਭੀਰ ਅਤੇ ਅਹਿਮ ਮਾਮਲੇ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਲੋੜੀਂਦੀਆਂ ਹਦਾਇਤਾਂ ਦਿਉਗੇ।

ਸਤਿਕਾਰ ਸਹਿਤ

ਗੁਰੂ ਪੰਥ ਦੇ ਦਾਸ

**(ਤ੍ਰਿਪਤ ਰਜਿੰਦਰ ਸਿੰਘ ਬਾਜਵਾ)**